ਆਸਾ ਮਹਲਾ ੫ ॥ ਹਰਿ ਰਸੁ ਛੋਡਿ ਹੋਛੈ ਰਸਿ ਮਾਤਾ ॥ ਘਰ ਮਹਿ ਵਸਤੁ ਬਾਹਰਿ ਉਠਿ ਜਾਤਾ ॥੧॥ ਸੁਨੀ ਨ ਜਾਈ ਸਚੁ ਅੰਮ੍ਰਿਤ ਕਾਥਾ ॥ ਰਾਰਿ ਕਰਤ ਝੂਠੀ ਲਗਿ ਗਾਥਾ ॥੧॥ ਰਹਾਉ ॥ ਵਜਹੁ ਸਾਹਿਬ ਕਾ ਸੇਵ ਬਿਰਾਨੀ ॥ ਐਸੇ ਗੁਨਹ ਅਛਾਦਿਓ ਪ੍ਰਾਨੀ ॥੨॥ ਤਿਸੁ ਸਿਉ ਲੂਕ ਜੋ ਸਦ ਹੀ ਸੰਗੀ ॥ ਕਾਮਿ ਨ ਆਵੈ ਸੋ ਫਿਰਿ ਫਿਰਿ ਮੰਗੀ ॥ ੩॥ ਕਹੁ ਨਾਨਕ ਪ੍ਰਭ ਦੀਨ ਦਇਆਲਾ ॥ ਜਿਉ ਭਾਵੈ ਤਿਉ ਕਰਿ ਪ੍ਰਤਿਪਾਲਾ ॥੪॥੨੨॥ {ਪੰਨਾ 376}

ਪਦਅਰਥ:- ਛੋਡਿ—ਛੱਡ ਕੇ। ਹੋਛੈ ਰਸਿ—ਉਸ ਰਸ ਵਿਚ ਜੋ ਛੇਤੀ ਮੁੱਕ ਜਾਂਦਾ ਹੈ। ਹੋਛਾ—ਛੇਤੀ ਮੁੱਕ ਜਾਣ ਵਾਲਾ। ਮਾਤਾ—ਮਸਤ। ਵਸਤੁ—ਚੀਜ਼। ਘਰ—ਹਿਰਦਾ। ਉਠਿ—ਉੱਠ ਕੇ।1।

ਸੁਨੀ ਨ ਜਾਈ—ਸੁਣੀ ਨਹੀਂ ਜਾ ਸਕਦੀ, ਸੁਣਨੀ ਪਸੰਦ ਨਹੀਂ ਕਰਦਾ। ਸਚੁ—ਸਦਾ-ਥਿਰ ਪ੍ਰਭੂ ਦਾ ਨਾਮ। ਅੰਮ੍ਰਿਤ ਕਾਥਾ—ਪ੍ਰਭੂ ਦੀਆਂ ਆਤਮਕ ਜੀਵਨ ਦੇਣ ਵਾਲੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ। ਰਾਰਿ—ਝਗੜਾ। ਝੂਠੀ ਗਾਥਾ ਲਗਿ—ਝੂਠੀਆਂ ਗੱਲਾਂ ਵਿਚ ਲੱਗ ਕੇ।1। ਰਹਾਉ।

ਵਜਹੁ—ਵਜ਼ੀਫ਼ਾ, ਰੁਜ਼ੀਨਾ, ਤਨਖ਼ਾਹ। ਬਿਰਾਨੀ—ਬਿਗਾਨੀ, ਕਿਸੇ ਹੋਰ ਦੀ। ਅਛਾਦਿਓ—ਢੱਕਿਆ ਹੋਇਆ।2।

ਲੂਕ—ਲੁਕਾਉ, ਓਹਲਾ। ਸੰਗੀ—ਸਾਥੀ। ਕਾਮਿ—ਕੰਮ ਵਿਚ।3।

ਪ੍ਰਭ—ਹੇ ਪ੍ਰਭੂ! ਪ੍ਰਤਿਪਾਲਾ—ਰਾਖੀ, ਹਿਫ਼ਾਜ਼ਤ।4।

ਅਰਥ:- (ਹੇ ਭਾਈ! ਜੀਵ ਅਜੇਹਾ ਵਿਕਾਰਾਂ ਹੇਠ ਦਬਿਆ ਰਹਿੰਦਾ ਹੈ ਕਿ ਇਹ) ਸਦਾ-ਥਿਰ ਪਰਮਾਤਮਾ ਦਾ ਨਾਮ ਸੁਣਨਾ ਪਸੰਦ ਨਹੀਂ ਕਰਦਾ, ਆਤਮਕ ਜੀਵਨ ਦੇਣ ਵਾਲੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਨੀਆਂ ਪਸੰਦ ਨਹੀਂ ਕਰਦਾ, ਪਰ ਝੂਠੀ (ਕਿਸੇ ਕੰਮ ਨਾਹ ਆਉਣ ਵਾਲੀ) ਕਥਾ-ਕਹਾਣੀ ਵਿਚ ਲੱਗ ਕੇ (ਹੋਰਨਾਂ ਨਾਲ) ਝਗੜਾ-ਬਖੇੜਾ ਕਰਦਾ ਰਹਿੰਦਾ ਹੈ।1। ਰਹਾਉ।

(ਹੇ ਭਾਈ! ਵਿਕਾਰਾਂ ਹੇਠ ਦਬਿਆ ਮਨੁੱਖ) ਪਰਾਮਤਮਾ ਦਾ ਨਾਮ-ਰਸ ਛੱਡ ਕੇ (ਦੁਨੀਆ ਦੇ ਪਦਾਰਥਾਂ ਦੇ) ਰਸ ਵਿਚ ਮਸਤ ਰਹਿੰਦਾ ਹੈ ਜੋ ਮੁੱਕ ਭੀ ਛੇਤੀ ਹੀ ਜਾਂਦਾ ਹੈ, (ਸੁਖ ਦੇਣ ਵਾਲੀ) ਨਾਮ-ਵਸਤ (ਇਸ-ਦੇ) ਹਿਰਦੇ-ਘਰ ਵਿਚ ਮੌਜੂਦ ਹੈ (ਪਰ ਸੁਖ ਦੀ ਖ਼ਾਤਰ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ) ਬਾਹਰ ਉਠ ਉਠ ਦੌੜਦਾ ਹੈ।1।

(ਹੇ ਭਾਈ!) ਮਨੁੱਖ ਵਿਕਾਰਾਂ ਹੇਠ ਇਉਂ ਦਬਿਆ ਰਹਿੰਦਾ ਹੈ ਕਿ ਖਾਂਦਾ ਤਾਂ ਹੈ ਮਾਲਕ-ਪ੍ਰਭੂ ਦਾ ਦਿੱਤਾ ਹੋਇਆ, ਪਰ ਸੇਵਾ ਕਰਦਾ ਹੈ ਬਿਗਾਨੀ (ਮਾਲਕ-ਪ੍ਰਭੂ ਨੂੰ ਯਾਦ ਕਰਨ ਦੇ ਥਾਂ ਸਦਾ ਮਾਇਆ ਦੀਆਂ ਸੋਚਾਂ ਸੋਚਦਾ ਹੈ)।2।

ਜੇਹੜਾ ਪਰਮਾਤਮਾ ਸਦਾ ਹੀ (ਜੀਵ ਦੇ ਨਾਲ) ਸਾਥੀ ਹੈ ਉਸ ਤੋਂ ਓਹਲਾ ਕਰਦਾ ਹੈ, ਜੇਹੜੀ ਚੀਜ਼ (ਆਖ਼ਿਰ ਕਿਸੇ) ਕੰਮ ਨਹੀਂ ਆਉਣੀ, ਉਹੀ ਮੁੜ ਮੁੜ ਮੰਗਦਾ ਰਹਿੰਦਾ ਹੈ।3।

ਹੇ ਨਾਨਕ! ਆਖ—ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਜਿਵੇਂ ਹੋ ਸਕੇ (ਵਿਕਾਰਾਂ ਅਤੇ ਮਾਇਆ ਦੇ ਮੋਹ ਦੇ ਦਬਾਉ ਤੋਂ ਜੀਵਾਂ ਦੀ) ਰਾਖੀ ਕਰ।4। 22।